ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਵੱਲੋਂ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ



ਸ੍ਰੀ ਮੁਕਤਸਰ ਸਾਹਿਬ 1 ਜੂਨ ਜਿਲੇ ਦੇ ਡਿਪਟੀ ਕਮਿਸ਼ਨਰ ਕਮ ਜਿਲਾ ਚੋਣ ਅਫਸਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਆਈਏਐਸ ਅਤੇ ਐਸਐਸਪੀ ਸ੍ਰੀ ਭਾਗੀਰਥ ਸਿੰਘ ਮੀਨਾ ਆਈਪੀਐਸ ਨੇ ਅੱਜ ਲੋਕ ਸਭਾ ਚੋਣਾਂ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਉੱਥੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਸੂਦਰ ਨੇ ਦੱਸਿਆ ਕਿ ਲੋਕਾਂ ਨੇ ਚੋਣਾਂ ਵਿੱਚ ਉਤਸਾਹ ਨਾਲ ਭਾਗ ਲਿਆ ਅਤੇ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਵੋਟਰ ਮਤਦਾਨ ਕੇਂਦਰਾਂ ਤੇ ਪਹੁੰਚੇ। ਉਹਨਾਂ ਦੱਸਿਆ ਕਿ ਮਤਦਾਨ ਕੇਂਦਰਾਂ ਤੇ ਵੋਟਰਾਂ ਲਈ ਛਬੀਲ, ਛਾਂ ਅਤੇ ਹੋਰ ਸਾਰੇ ਢੁਕਵੇਂ ਪ੍ਰਬੰਧ ਕੀਤੇ ਗਏ ਸਨ। ਉਹਨਾਂ ਨੇ ਆਖਿਆ ਕਿ ਮਾਡਲ ਪੋਲਿੰਗ ਬੂਥ, ਗਰੀਨ ਪੋਲਿੰਗ ਬੂਥ, ਪਿੰਕ ਪੋਲਿੰਗ ਬੂਥ, ਯੂਥ ਪੋਲਿੰਗ ਬੂਥ ਵੀ ਬਣਾਏ ਗਏ ਸਨ। ਇਸ ਮੌਕੇ ਉਨਾਂ ਨੇ ਚੋਣ ਅਮਲੇ ਦੀ ਹੌਸਲਾ ਅਫਜਾਈ ਵੀ ਕੀਤੀ।